# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 13:10

**ਮਿਤੀ :22-02-2026**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਇੰਡੀਆ ਏ.ਆਈ. ਇੰਪੈਕਟ ਸਿਖਰ ਸੰਮੇਲਨ, ਆਲਮੀ ਪੱਧਰ 'ਤੇ ਏ.ਆਈ. ਦੀ ਤਾਕਤ ਦੀ ਵਰਤੋਂ ਦੀ ਦਿਸ਼ਾ ਵਿੱਚ ਮੀਲ-ਪੱਥਰ ਸਾਬਤ ਹੋਇਆ ਏ। ਆਕਾਸ਼ਵਾਣੀ ਦੇ 'ਮਨ ਕੀ ਬਾਤ' ਪ੍ਰੋਗਰਾਮ ਵਿੱਚ ਪ੍ਰਧਾਨ ਮੰਤਰੀ ਨੇ ਦੱਸਿਆ ਕਿ ਇਸ ਸਿਖਰ ਸੰਮੇਲਨ ਦੌਰਾਨ ਕਈ ਦੇਸ਼ਾਂ ਦੇ ਆਗੂ, ਉਦਯੋਗਪਤੀ ਅਤੇ ਸਟਾਰਟਅੱਪ ਖੇਤਰ ਨਾਲ ਜੁੜੇ ਲੋਕ ਇਕੱਤਰ ਹੋਏ। ਇਸ ਦੌਰਾਨ ਭਾਰਤ ਨੇ ਤਿੰਨ ਮੇਡ ਇਨ ਇੰਡੀਆ ਏ.ਆਈ. ਮਾਡਲ ਵੀ ਸ਼ੁਰੂ ਕੀਤੇ ਨੇ। ਮੌਜੂਦਾ ਟੀ-20 ਕ੍ਰਿਕਟ ਵਿਸ਼ਵ ਕੱਪ ਬਾਰੇ ਉਨ੍ਹਾਂ ਕਿਹਾ ਕਿ ਇਸ ਚੈਂਪੀਅਨਸ਼ਿਪ ਵਿੱਚ ਭਾਰਤੀ ਮੂਲ ਦੇ ਕਈ ਖਿਡਾਰੀ ਹਿੱਸਾ ਲੈ ਰਹੇ ਨੇ। ਉਨ੍ਹਾਂ ਕਿਹਾ

Byte

ਡਿਜੀਟਲ ਅਰੈਸਟ ਅਤੇ ਡਿਜ਼ੀਟਲ ਧੋਖਾਦੇਹੀ ਬਾਰੇ ਉਨ੍ਹਾਂ ਨੇ ਲੋਕਾਂ ਨੂੰ ਸਚੇਤ ਰਹਿਣ ਦੀ ਅਪੀਲ ਕੀਤੀ ਤੇ ਕਿਹਾ ਕਿ ਕੇ.ਵਾਈ.ਸੀ. ਸਿਰਫ਼ ਬੈਂਕ

ਦੀ ਅਧਿਕਾਰਤ ਸ਼ਾਖਾ ਜਾਂ ਐਪ ਰਾਹੀਂ ਕਰਵਾਈ ਜਾਵੇ। ਓ.ਟੀ.ਪੀ., ਆਧਾਰ ਨੰਬਰ ਜਾਂ ਬੈਂਕ ਖਾਤੇ ਦੀ ਜਾਣਕਾਰੀ ਕਿਸੇ ਨਾਲ ਸਾਂਝੀ ਨਾ ਕੀਤੀ ਜਾਵੇ। ਪ੍ਰਧਾਨ ਮੰਤਰੀ ਨੇ ਵਿਦਿਆਰਥੀਆਂ ਨੂੰ ਪ੍ਰੀਖਿਆ ਦੌਰਾਨ ਤਣਾਅ ਮੁਕਤ ਰਹਿਣ ਦੇ ਤਰੀਕੇ ਵੀ ਦੱਸੇ। ਅੰਤ ਵਿਚ ਉਨ੍ਹਾਂ ਨੇ ਲੋਕਾਂ ਨੂੰ ਹੋਲੀ ਤੇ ਰਮਜਾਨ ਦੇ ਮਹੀਨੇ ਦੀ ਵਧਾਈ ਦਿੱਤੀ।

-----------------------------------------------------------------------------

ਗੁਰਦਾਸਪੁਰ ਜ਼ਿਲ੍ਹੇ ਦੇ ਇੱਕ ਪਿੰਡ ਵਿੱਚ ਅੱਜ ਸਵੇਰੇ ਕੌਮਾਂਤਰੀ ਸਰਹੱਦ ਨੇੜੇ ਡਿਊਟੀ 'ਤੇ ਤਾਇਨਾਤ ਦੋ ਪੁਲਿਸ ਮੁਲਾਜ਼ਮਾਂ ਦੀਆਂ ਮ੍ਰਿਤਕ ਦੇਹਾਂ ਮਿਲੀਆਂ ਨੇ, ਜਿਨ੍ਹਾਂ 'ਤੇ ਗੋਲੀ ਲੱਗਣ ਦੇ ਨਿਸ਼ਾਨ ਮੌਜੂਦ ਨੇ । ਇਹ ਪਿੰਡ ਸਰਹੱਦੀ ਜ਼ਿਲ੍ਹੇ ਦੇ ਦੋਰਾਂਗਲਾ ਸੈਕਟਰ ਅਧੀਨ ਆਉਂਦਾ ਏ। ਮ੍ਰਿਤਕਾਂ ਦੀ ਪਛਾਣ ਸਹਾਇਕ ਸਬ ਇੰਸਪੈਕਟਰ ਕਮਾਂਡੋ ਗੁਰਨਾਮ ਸਿੰਘ ਅਤੇ ਹੋਮ ਗਾਰਡ ਅਸ਼ੋਕ ਕੁਮਾਰ ਵਜੋਂ ਹੋਈ ਏ । ਅਧਿਕਾਰਤ ਸੂਤਰਾਂ ਦੇ ਹਵਾਲੇ ਨਾਲ ਸਾਡੇ ਪੱਤਰਕਾਰ ਨੇ ਦੱਸਿਆ ਕਿ ਪੁਲਿਸ ਨੂੰ ਅੱਜ ਚੈੱਕ ਪੋਸਟ ਦੇ ਅੰਦਰੋਂ ਉਨ੍ਹਾਂ ਦੀਆਂ ਮ੍ਰਿਤਕ ਦੇਹਾਂ ਮਿਲੀਆਂ ਨੇ । ਗੁਰਦਾਸਪੁਰ ਜ਼ਿਲ੍ਹਾ ਪੁਲਿਸ ਮੁਖੀ ਆਦਿੱਤਿਆ ਨੇ ਇਸ ਘਟਨਾ ਦੀ ਪੁਸ਼ਟੀ ਕਰਦੇ ਹੋਏ ਕਿਹਾ ਏ ਕਿ ਸਾਰੇ ਪਹਿਲੂਆਂ ਦੀ ਜਾਂਚ ਕੀਤੀ ਜਾ ਰਹੀ ਏ । ਉਨ੍ਹਾਂ ਕਿਹਾ

BYTE

-----------------------------------------------------------------------------

ਇਕ ਤਸਕਰੀ ਗਿਰੋਹ ਦਾ ਪਰਦਾਫਾਸ਼ ਕਰਦਿਆਂ ਫ਼ਰੀਦਕੋਟ ਪੁਲਿਸ ਨੇ ਅੱਜ ਇੱਕ ਫੌਜੀ ਜਵਾਨ ਅਤੇ ਬਰਖਾਸਤ ਕੀਤੇ ਗਏ ਪੰਜਾਬ ਪੁਲਿਸ ਦੇ ਇੱਕ ਮੁਲਾਜ਼ਮ ਸਮੇਤ 4 ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ ਏ। ਪੁਲਿਸ ਸੂਤਰਾਂ ਮੁਤਾਬਕ ਇਨ੍ਹਾਂ ਮੁਲਜ਼ਮਾਂ ਨੂੰ 2 ਮਹੀਨੇ ਦੀ ਲੰਬੀ ਤਫਤੀਸ਼ ਤੋਂ ਬਾਅਦ ਗ੍ਰਿਫ਼ਤਾਰ ਕੀਤਾ ਗਿਆ ਏ। ਮੁਲਜ਼ਮਾਂ ਦੇ ਕਬਜ਼ੇ ਵਿੱਚੋਂ 4 ਕਿੱਲੋ ਤੋਂ ਵੱਧ ਹੈਰੋਇਨ, ਇੱਕ ਪਿਸਤੌਲ ਅਤੇ ਦੋ ਮਹਿੰਗੇ ਵਾਹਨ ਬਰਾਮਦ ਕੀਤੇ ਗਏ ਨੇ।

--------------------------------------------------------------------------------

ਪੰਜਾਬ ਦੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਕੱਲ੍ਹ ਪੰਜਾਬ ਭਵਨ ਚੰਡੀਗੜ੍ਹ ਵਿੱਚ ਹੋਈ ਪ੍ਰੈੱਸ ਕਾਨਫਰੰਸ ਦੌਰਾਨ ਦੱਸਿਆ ਕਿ ਸੂਬੇ ਦੇ ਸਰਕਾਰੀ ਸਕੂਲਾਂ ਦੇ 305 ਵਿਦਿਆਰਥੀਆਂ ਨੇ ਪਹਿਲੀ ਕੋਸ਼ਿਸ਼ ਵਿੱਚ ਹੀ ਜੁਆਇੰਟ ਐਂਟਰੈਂਸ ਪ੍ਰੀਖਿਆ (ਜੇ.ਈ.ਈ.) ਮੇਨਜ਼- 2026 ਪਾਸ ਕੀਤੀ ਏ, ਜਿਹੜੀ ਕਿ ਪਿਛਲੇ ਸਾਲ ਦੇ 187 ਸਫਲ ਉਮੀਦਵਾਰਾਂ ਨਾਲੋਂ 63 ਫੀਸਦੀ ਦੇ ਸ਼ਾਨਦਾਰ ਵਾਧੇ ਨੂੰ ਦਰਸਾਉਂਦੀ ਹੈ। ਉਨ੍ਹਾਂ ਦੱਸਿਆ ਕਿ ਇਸ ਵਾਰ 134 ਲੜਕੀਆਂ ਨੇ ਇਹ ਪ੍ਰੀਖਿਆ ਪਾਸ ਕੀਤੀ ਏ। ਮੰਤਰੀ ਬੈਂਸ ਨੇ ਐਲਾਨ ਕੀਤਾ ਕਿ ਸਰਕਾਰ ਯੋਗ ਵਿਦਿਆਰਥੀਆਂ ਨੂੰ ਜੇ.ਈ.ਈ. ਐਡਵਾਂਸ ਦੀ ਤਿਆਰੀ ਲਈ ਤਿੰਨ ਹਫ਼ਤਿਆਂ ਦਾ ਖਾਸ ਰਿਹਾਇਸ਼ੀ

ਸਿਖਲਾਈ ਕੈਂਪ ਲਾਵੇਗੀ ਤਾਂ ਜੋ ਅਗਲੇ ਗੇੜ ਲਈ ਵਿਦਿਆਰਥੀਆਂ ਦਾ ਮਾਰਗਦਰਸ਼ਨ ਕੀਤਾ ਜਾ ਸਕੇ ।

---------------------------------------------------------------------------------

ਰਾਸ਼ਟਰੀ ਇੰਡੀਅਨ ਮਿਲਟਰੀ ਕਾਲਜ (ਆਰ.ਆਈ. ਐੱਮ.ਸੀ.), ਦੇਹਰਾਦੂਨ ਵੱਲੋਂ ਜਨਵਰੀ 2027 ਟਰਮ ਵਿੱਚ ਦਾਖਲੇ ਲਈ ਵਿਦਿਆਰਥੀਆਂ ਤੋਂ ਅਰਜ਼ੀਆਂ ਦੀ ਮੰਗ ਕੀਤੀ ਗਈ ਏ। ਇਕ ਸਰਕਾਰੀ ਬੁਲਾਰੇ ਮੁਤਾਬਕ ਦਾਖਲੇ ਦੇ ਉਮੀਦਵਾਰ ਦਾ ਜਨਮ 2 ਜਨਵਰੀ, 2014 ਤੋਂ ਪਹਿਲਾਂ ਹੋਇਆ ਹੋਵੇ ਅਤੇ ਉਹ ਜਾਂ ਤਾਂ 7ਵੀਂ ਜਮਾਤ ਵਿੱਚ ਪੜ੍ਹ ਰਹੇ ਹੋਣ ਜਾਂ ਕਿਸੇ ਮਾਨਤਾ ਪ੍ਰਾਪਤ ਸਕੂਲ ਤੋਂ 7ਵੀਂ ਜਮਾਤ ਪਾਸ ਕੀਤੀ ਹੋਵੇ। ਚੁਣੇ ਗਏ ਉਮੀਦਵਾਰਾਂ ਨੂੰ ਆਰ.ਆਈ. ਐੱਮ.ਸੀ.) ਵਿਚ ਅੱਠਵੀਂ ਜਮਾਤ ਵਿੱਚ ਦਾਖਲਾ ਦਿੱਤਾ ਜਾਵੇਗਾ। ਪ੍ਰਾਸਪੈਕਟਸ ਤੇ ਅਰਜ਼ੀ ਫਾਰਮ ਲਈ ਆਰ.ਆਈ.ਐੱਮ.ਸੀ. ਦੀ ਵੈੱਬਸਾਈਟ www.rimc.edu.in ਦੇਖੀ ਜਾ ਸਕਦੀ ਏ । ਲੋੜੀਂਦੇ ਦਸਤਾਵੇਜ਼ਾਂ ਦੇ ਨਾਲ ਅਰਜ਼ੀ ਫਾਰਮ, 5 ਅਪ੍ਰੈਲ ਨੂੰ ਜਾਂ ਇਸ ਤੋਂ ਪਹਿਲਾਂ ਡਾਇਰੈਕਟੋਰੇਟ ਰੱਖਿਆ ਸੇਵਾਵਾਂ ਭਲਾਈ ਪੰਜਾਬ, ਸੈਨਿਕ ਭਵਨ, ਸੈਕਟਰ-21-ਡੀ, ਚੰਡੀਗੜ੍ਹ ਭੇਜੇ ਜਾ ਸਕਦੇ ਨੇ।

---------------------------------------------------------------------------------

ਆਈ.ਸੀ.ਸੀ. ਟਵੰਟੀ ਟਵੰਟੀ ਕ੍ਰਿਕੇਟ ਵਿਸ਼ਵ ਕੱਪ ਦੇ ਸੁਪਰ-8 ਗੇੜ

ਵਿੱਚ ਅੱਜ ਭਾਰਤ ਦਾ ਮੁਕਾਬਲਾ ਦੱਖਣੀ ਅਫਰੀਕਾ ਨਾਲ ਹੋਵੇਗਾ। ਇਹ ਮੈਚ ਅਹਿਮਦਾਬਾਦ ਦੇ ਨਰੇਂਦਰ ਮੋਦੀ ਸਟੇਡੀਅਮ ਵਿੱਚ ਸ਼ਾਮੀਂ 7 ਵਜੇ ਸ਼ੁਰੂ ਹੋਣਾ ਏ। ਭਾਰਤੀ ਟੀਮ ਨੇ ਚਾਰੇ ਮੈਚ ਜਿੱਤ ਕੇ, ਆਪਣੇ ਗਰੁੱਪ ਵਿੱਚ ਸਿਖਰ 'ਤੇ ਰਹੀ। ਇਸ ਦੌਰਾਨ ਕੱਲ੍ਹ ਕੋਲੰਬੋ ਵਿੱਚ ਨਿਊਜ਼ੀਲੈਂਡ ਅਤੇ ਪਾਕਿਸਤਾਨ ਦਰਮਿਆਨ ਸੁਪਰ-8 ਦਾ ਪਹਿਲਾ ਮੈਚ ਮੀਂਹ ਕਾਰਨ ਰੱਦ ਕਰ ਦਿੱਤਾ ਗਿਆ ਸੀ। ਦੋਵਾਂ ਟੀਮਾਂ ਨੂੰ ਇੱਕ-ਇੱਕ ਅੰਕ ਮਿਲਿਆ ਸੀ ।

---------------------------------------------------------------------------